# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 11-12-2024**

ਸਮਾਰਟ ਇੰਡੀਆ ਹੈਕਾਥਨ ਦਾ ਗ੍ਰੈਂਡ ਫਿਨਾਲੇ ਸਾਫਟਵੇਅਰ ਐਡੀਸ਼ਨ ਪੰਜਾਬ ਦੀਆਂ ਦੋ ਵਿਦਿਅਕ ਸੰਸਥਾਵਾਂ ਵਿਚ ਸ਼ੁਰੂ ਹੋ ਗਿਆ ਏ। ਇਸ ਦਾ ਉਦਘਾਟਨ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਕੀਤਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਸਬੰਧੀ ਵੀਡੀਓ ਕਾਨਫਰੰਸਿੰਗ ਰਾਹੀਂ ਨੌਜਵਾਨ ਖੋਜਕਾਰਾਂ ਨਾਲ ਗੱਲਬਾਤ ਕਰਨਗੇ । ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਫਗਵਾੜਾ 37 ਟੀਮਾਂ ਦੀ ਮੇਜ਼ਬਾਨੀ ਕਰ ਰਹੀ ਏ । ਚੰਡੀਗੜ੍ਹ ਨੇੜੇ ਮੁਹਾਲੀ ਦੇ ਚੰਡੀਗੜ੍ਹ ਕਾਲਜ ਆਫ਼ ਇੰਜਨੀਅਰਿੰਗ ਵਿੱਚ ਵੀ ਕੌਮੀ ਪ੍ਰੋਗਰਾਮ ਸ਼ੁਰੂ ਹੋ ਗਿਆ ਏ। ਇਸ ਦੋ ਦਿਨਾਂ ਗ੍ਰੈਂਡ ਫਿਨਾਲੇ ਦਾ ਆਯੋਜਨ ਸਿੱਖਿਆ ਮੰਤਰਾਲੇ ਵਲੋਂ ਕੀਤਾ ਜਾ ਰਿਹਾ ਏ । ਦੇਸ਼ ਭਰ ਵਿਚ 51 ਕੇਂਦਰਾਂ ਵਿੱਚ 49 ਹਜ਼ਾਰ ਵਿਦਿਆਰਥੀਆ ਦੀਆਂ ਟੀਮਾਂ ਭਾਗ ਲੈ ਰਹੀਆਂ ਨੇ।

---------------------------------------------------

ਸੰਸਦ ਵਿਚ ਵੱਖ-ਵੱਖ ਮੁੱਦਿਆਂ 'ਤੇ ਸੱਤਾਧਾਰੀ ਅਤੇ ਵਿਰੋਧੀ ਧਿਰ ਦੇ ਮੈਂਬਰਾਂ ਦਰਮਿਆਨ ਹੋਏ ਹੰਗਾਮੇ ਤੋਂ ਬਾਅਦ ਰਾਜ ਸਭਾ ਨੂੰ ਦਿਨ ਭਰ ਲਈ ਉਠਾ ਦਿੱਤਾ ਗਿਆ ਏ । ਦੁਪਹਿਰ 12 ਵਜੇ ਪਹਿਲੀ ਵਾਰ ਉਠਾਏ ਜਾਣ ਤੋਂ ਬਾਅਦ ਜਦੋਂ ਸਭਾ ਮੁੜ ਜੁੜੀ ਤਾਂ ਸਭਾ ਦੇ ਨੇਤਾ ਅਤੇ ਕੇਂਦਰੀ ਮੰਤਰੀ ਜੇਪੀ ਨੱਡਾ ਨੇ ਅਮਰੀਕਾ ਸਥਿਤ ਜਾਰਜ ਸੋਰੋਸ ਫਾਊਂਡੇਸ਼ਨ ਨਾਲ ਕਾਂਗਰਸ ਨੇਤਾਵਾਂ ਦੇ ਕਥਿਤ ਸਬੰਧਾਂ ਦੇ ਮੁੱਦੇ 'ਤੇ ਸਭਾ ਵਿਚ ਚਰਚਾ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ, ਇਹ ਕਥਿਤ ਸਬੰਧ, ਦੇਸ਼ ਦੀ ਪ੍ਰਭੂਸੱਤਾ ਅਤੇ ਸੁਰੱਖਿਆ ਲਈ ਗੰਭੀਰ ਖ਼ਤਰਾ ਏ । ਉਨ੍ਹਾਂ ਕਾਂਗਰਸ ਦੀ ਅਗਵਾਈ ਵਾਲੀ ਵਿਰੋਧੀ ਧਿਰ ’ਤੇ ਸਭਾਪਤੀ ਜਗਦੀਪ ਧਨਖੜ ਖ਼ਿਲਾਫ਼, ਬੇ-ਵਸਾਹੀ ਦਾ ਮਤਾ ਲਿਆ ਕੇ ਲੋਕਾਂ ਦਾ ਧਿਆਨ ਇਸ ਮੁੱਦੇ ਤੋਂ ਭਟਕਾਉਣ ਦਾ ਇਲਜ਼ਾਮ ਲਾਇਆ । ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਦੀ ਇਸ ਕੋਸ਼ਿਸ਼ ਦੀ ਸਾਰਿਆਂ ਨੂੰ ਨਿਖੇਧੀ ਕਰਨੀ ਚਾਹੀਦੀ ਏ । ਸ੍ਰੀ ਨੱਡਾ ਨੇ ਕਿਹਾ ਕਿ, ਕਾਂਗਰਸ ਨੇ ਕਦੇ ਵੀ ਸੰਵਿਧਾਨਕ ਅਹੁਦਿਆਂ ’ਤੇ ਕਾਬਜ਼ ਲੋਕਾਂ ਦਾ ਸਨਮਾਨ ਨਹੀਂ ਕੀਤਾ। ਉਪ- ਸਭਾਪਤੀ

ਹਰੀਵੰਸ਼ ਨੇ ਵਿਰੋਧ ਕਰ ਰਹੇ ਮੈਂਬਰਾਂ ਨੂੰ ਆਪਣੀਆਂ ਸੀਟਾਂ 'ਤੇ ਵਾਪਸ ਜਾਣ ਅਤੇ ਸਭਾ ਨੂੰ ਕੰਮ ਕਰਨ ਦੀ ਇਜਾਜ਼ਤ ਦੇਣ ਦੀ ਅਪੀਲ ਕੀਤੀ, ਪਰ ਇਸਦਾ ਕੋਈ ਅਸਰ ਨਹੀਂ ਹੋਇਆ.ਬਾਅਦ ਵਿੱਚ ਉਪ – ਸਭਾਪਤੀ ਨੇ ਸਭਾ  ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ।

---------------------------------------------------------

ਕੇਂਦਰੀ ਜਾਂਚ ਏਜੰਸੀ ਐਨ. ਆਈ. ਏ. ਨੇ ਪੰਜਾਬ ‘ਚ ਸਵੇਰੇ ਸਵੇਰੇ ਛਾਪੇਮਾਰੀ ਕੀਤੀ ਏ । ਅੱਜ ਸਵੇਰੇ ਜ਼ਿਲ੍ਹਾ ਬਠਿੰਡਾ, ਮੁਕਤਸਰ ਸਾਹਿਬ ਤੇ ਮਾਨਸਾ ਵਿਚ ਐਨ. ਆਈ. ਏ. ਦੀਆਂ ਟੀਮਾਂ ਵਲੋਂ ਛਾਪੇਮਾਰੀ ਕੀਤੀ ਜਾ ਰਹੀ ਏ । ਜਾਣਕਾਰੀ ਮੁਤਾਬਕ, ਬਠਿੰਡਾ ਵਿਖੇ  ਇੱਕ ਘਰ ਵਿੱਚ ਛਾਪਾ ਮਾਰਿਆ ਗਿਆ ।  ਪਤਾ ਲੱਗਾ  ਏ ਕਿ ਐਨ. ਆਈ. ਏ. ਨਸ਼ਾ ਤਸਕਰਾਂ ਨੂੰ ਫੜਨ ਲਈ ਜਗ੍ਹਾ-ਜਗ੍ਹਾ ਛਾਪੇਮਾਰੀ ਕਰ ਰਹੀ ਏ । ਉਧਰ ਸ਼੍ਰੀ ਮੁਕਤਸਰ ਸਾਹਿਬ ਵਿੱਚ ਅਮਨਦੀਨ ਨਾਮਕ ਵਿਅਕਤੀ ਦੇ ਘਰ ’ਤੇ ਐਨ. ਆਈ. ਏ. ਵੱਲੋਂ ਛਾਪਾ ਮਾਰਿਆ ਗਿਆ, ਜੋ ਇਸ ਸਮੇਂ ਨਾਭਾ ਜੇਲ੍ਹ ਵਿਚ ਬੰਦ ਏ । ਉਸ ਖਿਲਾਫ ਐਨ. ਡੀ. ਪੀ. ਐਸ. ਐਕਟ ਤਹਿਤ ਮਾਮਲਾ ਦਰਜ ਏ ।

---

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੱਖ-ਵੱਖ ਵਿਭਾਗਾਂ ਵਿੱਚ ਖਾਲੀ ਪਈਆਂ ਦਿਵਿਆਂਗ ਵਿਅਕਤੀਆਂ ਲਈ ਰਾਖਵੀਆਂ ਅਸਾਮੀਆਂ ਭਰਨ ਲਈ ਭਰਤੀ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ ਏ। ਚੰਡੀਗੜ੍ਹ ਵਿਖੇ ਸਮਾਜਿਕ ਨਿਆਂ ਅਤੇ ਬਾਲ ਭਲਾਈ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਹੁਣ ਤੱਕ ਵੱਖ-ਵੱਖ ਵਿਭਾਗਾਂ ਵਿੱਚ ਬੈਕਲਾਗ ਵਜੋਂ ਸਿੱਧੀ ਭਰਤੀ ਦੀਆਂ 1 ਹਜ਼ਾਰ 754 ਅਸਾਮੀਆਂ ਅਤੇ ਤਰੱਕੀ ਦੀਆਂ 556 ਅਸਾਮੀਆਂ ਦੀ ਪਛਾਣ ਕੀਤੀ ਗਈ ਏ। ਉਹਨਾਂ ਅਧਿਕਾਰੀਆਂ ਨੂੰ ਕਿਹਾ ਕਿ ਇਨ੍ਹਾਂ ਖ਼ਾਲੀ ਅਸਾਮੀਆਂ ਨੂੰ ਜਲਦੀ ਤੋਂ ਜਲਦੀ ਭਰਨ ਦੀ ਪ੍ਰਕਿਰਿਆ ਤੇਜ਼ ਕੀਤੀ ਜਾਵੇ।

---

ਪੰਜਾਬ ਦੇ ਜਲ ਸਪਲਾਈ ਤੇ ਸੈਨੀਟੇਸ਼ਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕੇਂਦਰੀ ਜਲ ਸ਼ਕਤੀ ਮੰਤਰੀ ਸੀ.ਆਰ. ਪਾਟਿਲ ਨੂੰ ਪੰਜਾਬ ਵਿਚ ਜਲ ਜੀਵਨ ਮਿਸ਼ਨ ਸਕੀਮ ਦੇ ਹੋਰ ਵਿਸਥਾਰ ਲਈ ਵਿੱਤੀ ਸਾਲ 2024-25 ਦੀ ਪਹਿਲੀ ਕਿਸ਼ਤ ਦੇ 161 ਕਰੋੜ ਰੁਪਏ ਦੀ

ਬਕਾਇਆ ਰਾਸ਼ੀ ਜਾਰੀ ਕਰਨ ਦੀ ਅਪੀਲ ਕੀਤੀ ਏ। ਜੀਵਨ ਮਿਸ਼ਨ ਸਕੀਮ ਦਾ ਜਾਇਜ਼ਾ ਲੈਣ ਲਈ ਕੇਂਦਰੀ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿਚ ਸ਼ਮੂਲੀਅਤ ਕਰਦਿਆਂ ਸ੍ਰੀ ਮੁੰਡੀਆਂ ਨੇ ਕਿਹਾ ਕਿ ਸੂਬੇ ਦੇ ਵਸਨੀਕਾਂ ਨੂੰ ਪੀਣ ਵਾਲੇ ਪਾਣੀ ਦੀ ਨਿਰੰਤਰ ਸਪਲਾਈ ਯਕੀਨੀ ਬਣਾਉਣਾ ਬੇਹੱਦ ਜ਼ਰੂਰੀ ਏ। ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਪ੍ਰਮੁੱਖ ਸਕੱਤਰ ਨੀਲਕੰਠ ਐਸ. ਅਵਹਦ ਤੇ ਮਿਸ਼ਨ ਡਾਇਰੈਕਟਰ ਅਮਿਤ ਤਲਵਾੜ ਵੀ ਮੌਜੂਦ ਸਨ।

---------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਏ ਕਿ ਪੰਜਾਬੀਅਤ ਖੁੱਲ੍ਹਦਿਲੀ ਦਾ ਨਾਂ ਏ। ਸਾਡਾ ਫਰਜ਼ ਬਣਦਾ ਏ ਕਿ ਅਸੀਂ ਪੰਜਾਬੀਅਤ ਦੇ ਇਸ ਵਿਆਪਕ ਸੰਕਲਪ ਨੂੰ ਇਤਿਹਾਸ ਦੇ ਵਰਕਿਆਂ ਉੱਤੇ ਸੁਨਹਿਰੀ ਅੱਖਰਾਂ ਵਿਚ ਉੱਕੇਰ ਕੇ ਰੱਖੀਏ। ਪੰਜਾਬੀ ਯੂਨੀਵਰਸਿਟੀ ਵਿਖੇ 36ਵੀਂ ਅੰਤਰਰਾਸ਼ਟਰੀ ਪੰਜਾਬੀ ਵਿਕਾਸ ਕਾਨਫ਼ਰੰਸ' ਦੇ ਉਦਘਾਟਨ ਮੌਕੇ ਆਪਣੇ ਸੰਬੋਧਨ ਵਿੱਚ ਸ. ਸੰਧਵਾਂ ਨੇ ਕਿਹਾ ਕਿ ਸਾਨੂੰ ਮਾਣ ਹੋਣਾ ਚਾਹੀਦਾ ਏ ਕਿ ਪੰਜਾਬੀ ਸੱਭਿਆਚਾਰ

ਦੁਨੀਆਂ ਦੇ ਸਭ ਤੋਂ ਪੁਰਾਣੇ ਤੇ ਉਤਮ ਸੱਭਿਆਚਾਰਾਂ ਵਿਚੋਂ ਇੱਕ ਏ । ਤਿੰਨ ਦਿਨਾਂ ਕਾਨਫਰੰਸ ਦੇ ਹਵਾਲੇ ਨਾਲ ਉਨ੍ਹਾਂ ਪੰਜਾਬੀਅਤ ਦੇ ਸੰਕਲਪ ਬਾਰੇ ਵੱਖ-ਵੱਖ ਪੱਖਾਂ ਤੋਂ ਆਪਣੇ ਵਿਚਾਰ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਬੀਤੇ ਸਮਿਆਂ ਵਿਚ ਭਾਵੇਂ ਪੰਜਾਬੀਅਤ ਨੂੰ ਵੰਡਣ ਦੀਆਂ ਕੋਸ਼ਿਸ਼ਾਂ ਹੋਈਆਂ ਤੇ ਪੰਜਾਬ ਦੇ ਬਹੁਤ ਸਾਰੇ ਟੁਕੜੇ ਕਰ ਦਿੱਤੇ ਗਏ, ਪਰ ਇਸ ਦੇ ਬਾਵਜੂਦ ਪੰਜਾਬੀਆਂ ਦੀ ਗੂੜ੍ਹੀ ਸਾਂਝ ਕਾਇਮ ਏ ।

-----------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਏ ਕਿ ਨਗਰ ਨਿਗਮ, ਨਗਰ ਕੌਂਸਲ ਤੇ ਨਗਰ ਪੰਚਾਇਤ ਚੋਣਾਂ ਸਬੰਧੀ ਕਲ ਸ਼ਾਮ ਤੱਕ ਕੁੱਲ ਛੇ ਨਾਮਜ਼ਦਗੀਆਂ ਪ੍ਰਾਪਤ ਹੋਈਆਂ ਨੇ। ਜਿਨ੍ਹਾਂ ਵਿੱਚ ਨਗਰ ਨਿਗਮ ਅੰਮ੍ਰਿਤਸਰ ਲਈ ਇੱਕ, ਨਗਰ ਨਿਗਮ ਲੁਧਿਆਣਾ ਲਈ ਇੱਕ, ਨਗਰ ਕੌਂਸਲ ਬਲਾਚੌਰ ਲਈ ਇੱਕ ਨਾਮਜ਼ਦਗੀ, ਨਗਰ ਪੰਚਾਇਤ ਭਾਦਸੋਂ ਲਈ ਦੋ ਨਾਮਜ਼ਦਗੀਆਂ ਤੇ ਨਗਰ ਪੰਚਾਇਤ, ਦਿੜ੍ਹਬਾ ਲਈ 1 ਨਾਮਜ਼ਦਗੀ ਪ੍ਰਾਪਤ ਹੋਈ ਏ ।